# ਸ਼ਬਦ ਹਜ਼ਾਰੇ ਪਾ: ੧੦

ੴ ਸਤਿਗੁਰ ਪ੍ਰਸਾਦਿ ॥
ਰਾਮਕਲੀ ਪਾਤਸਾਹੀ ੧੦ ॥

ਰੇ ਮਨ ਐਸੋ ਕਰਿ ਸੰਨਿਆਸਾ ॥ ਬਨ ਸੇ ਸਦਨ ਸਬੈ ਕਰਿ ਸਮਝਹੁ ਮਨ ਹੀ ਮਾਹਿ ਉਦਾਸਾ ॥ ੧ ॥ ਰਹਾਉ ॥ ਜਤ ਕੀ ਜਟਾ ਜੋਗ ਕੋ ਮੱਜਨੁ ਨੇਮ ਕੇ ਨਖਨ ਬਢਾਓ ॥ ਗਿਆਨ ਗੁਰੂ ਆਤਮ ਉਪਦੇਸਹੁ ਨਾਮ ਬਿਭੂਤ ਲਗਾਓ ॥ ੧ ॥ ਅਲਪ ਅਹਾਰ ਸੁਲਪ ਸੀ ਨਿੰਦ੍ਰਾ ਦਯਾ ਛਿਮਾ ਤਨ ਪ੍ਰੀਤਿ ॥ ਸੀਲ ਸੰਤੋਖ ਸਦਾ ਨਿਰਬਾਹਿਬੋ ਹ੍ਵੈਬੋ ਤ੍ਰਿਗੁਣ ਅਤੀਤਿ ॥ ੨ ॥ ਕਾਮ ਕ੍ਰੋਧ ਹੰਕਾਰ ਲੋਭ ਹਠ ਮੋਹ ਨ ਮਨ ਸਿਉ

ਲਜਾਵੈ॥ ਤਬ ਹੀ ਆਤਮ ਤਤ ਕੋ ਦਰਸੇ ਪਰਮ ਪੁਰਖ ਕਹ ਪਾਵੈ॥ ੩॥ ੧॥

## ਰਾਮਕਲੀ ਪਾਤਿਸਾਹੀ ੧੦॥

ਰੇ ਮਨ ਇਹ ਬਿਧਿ ਜੋਗੁ ਕਮਾਓ॥ ਸਿੰਙੀ ਸਾਚ ਅਕਪਟ ਕੰਠਲਾ ਧਿਆਨ ਬਿਭੂਤ ਚੜ੍ਹਾਓ॥ ੧॥ ਰਹਾਉ॥ ਤਾਤੀ ਗਹੁ ਆਤਮ ਬਸਿ ਕਰ ਕੀ ਭਿੱਛਾ ਨਾਮ ਅਧਾਰੰ॥ ਬਾਜੇ ਪਰਮ ਤਾਰ ਤਤੁ ਹਰਿ ਕੋ ਉਪਜੈ ਰਾਗ ਰਸਾਰੰ॥ ੧॥ ਉਘਟੈ ਤਾਨ ਤਰੰਗ ਰੰਗਿ ਅਤਿ ਗਿਆਨ ਗੀਤ ਬੰਧਾਨੰ॥ ਚਕਿ ਚਕਿ ਰਹੇ ਦੇਵ ਦਾਨਵ ਮੁਨਿ ਛਕਿ ਛਕਿ ਬਯੋਮ ਬਿਵਾਨੰ॥ ੨॥ ਆਤਮ ਉਪਦੇਸ ਭੇਸੁ ਸੰਜਮ ਕੋ ਜਾਪ ਸੁ ਅਜਪਾ ਜਾਪੇ॥ ਸਦਾ ਰਹੈ ਕੰਚਨ ਸੀ ਕਾਯਾ ਕਾਲ ਨ ਕਬਹੂੰ ਬਯਾਪੇ॥ ੩॥ ੨॥

## ਰਾਮਕਲੀ ਪਾਤਿਸਾਹੀ ੧੦ ॥

ਪ੍ਰਾਨੀ ਪਰਮ ਪੁਰਖ ਪਗ ਲਾਗੋ ॥ ਸੋਵਤ ਕਹਾ ਮੋਹ ਨਿੰਦ੍ਰਾ ਮੈ ਕਬਹੂੰ ਸੁਚਿਤ ਹ੍ਵੈ ਜਾਗੋ ॥ ੧ ॥ ਰਹਾਉ ॥ ਔਰਨ ਕਹ ਉਪਦੇਸਤ ਹੈ ਪਸੁ ਤੋਹਿ ਪਰਬੋਧ ਨ ਲਾਗੋ ॥ ਸਿੰਚਤ ਕਹਾ ਪਰੇ ਬਿਖਿਯਨ ਕਹ ਕਬਹੁ ਬਿਖੈ ਰਸ ਤ੍ਯਾਗੋ ॥ ੧ ॥ ਕੇਵਲ ਕਰਮ ਭਰਮ ਸੇ ਚੀਨਹੁ ਧਰਮ ਕਰਮ ਅਨੁਰਾਗੋ ॥ ਸੰਗ੍ਰਹ ਕਰੋ ਸਦਾ ਸਿਮਰਨ ਕੋ ਪਰਮ ਪਾਪ ਤਜਿ ਭਾਗੋ ॥ ੨ ॥ ਜਾਂ ਤੇ ਦੂਖ ਪਾਪ ਨਹਿ ਭੇਟੈ ਕਾਲ ਜਾਲ ਤੇ ਤਾਗੋ ॥ ਜੌ ਸੁਖ ਚਾਹੋ ਸਦਾ ਸਭਨ ਕੌ ਤੌ ਹਰਿ ਕੇ ਰਸ ਪਾਗੋ ॥ ੩ ॥ ੩ ॥

## ਰਾਗੁ ਸੋਰਠਿ ਪਾਤਿਸਾਹੀ ੧੦ ॥

ਪ੍ਰਭ ਜੂ ਤੋ ਕਹਿ ਲਾਜ ਹਮਾਰੀ ॥ ਨੀਲਕੰਠ ਨਰਹਰਿ ਨਾਰਾਇਣ ਨੀਲ ਬਸਨ

ਬਨਵਾਰੀ॥ ੧॥ ਰਹਾਉ॥ ਪਰਮ ਪੁਰਖ ਪਰਮੇਸੁਰ ਸੁਆਮੀ ਪਾਵਨ ਪਉਨ ਅਹਾਰੀ॥ ਮਾਧਵ ਮਹਾ ਜੋਤਿ ਮਧੁ ਮਰਦਨ ਮਾਨ ਮੁਕੰਦ ਮੁਰਾਰੀ॥ ੧॥ ਨਿਰਬਿਕਾਰ ਨਿਰਜੁਰ ਨਿੰਦ੍ਰਾ ਬਿਨੁ ਨਿਰਬਿਖ ਨਰਕ ਨਿਵਾਰੀ॥ ਕ੍ਰਿਪਾ ਸਿੰਧ ਕਾਲ ਤ੍ਰੈ ਦਰਸੀ ਕੁਕ੍ਰਿਤ ਪ੍ਰਨਾਸਨਕਾਰੀ॥ ੨॥ ਧਨੁਰਪਾਨ ਧ੍ਰਿਤਮਾਨ ਧਰਾਧਰ ਅਨਿ ਬਿਕਾਰ ਅਸਿਧਾਰੀ॥ ਹੌ ਮਤਿਮੰਦ ਚਰਨ ਸਰਨਾਗਤਿ ਕਰ ਗਹਿ ਲੇਹੁ ਉਬਾਰੀ॥ ੩॥ ੪॥

ਰਾਗੁ ਕਲਿਆਣ ਪਾਤਿਸਾਹੀ ੧੦॥

ਬਿਨੁ ਕਰਤਾਰ ਨ ਕਿਰਤਮ ਮਾਨੋ॥ ਆਦਿ ਅਜੋਨਿ ਅਜੈ ਅਬਿਨਾਸੀ ਤਿਹ ਪਰਮੇਸਰ ਜਾਨੋ॥ ੧॥ ਰਹਾਉ॥ ਕਹਾ ਭਯੋ ਜੋ ਆਨਿ ਜਗਤ ਮੈ ਦਸਕੁ ਅਸੁਰ

ਹਰਿ ਘਾਏ॥ ਅਧਿਕ ਪਰਪੰਚ ਦਿਖਾਇ ਸਭਨ ਕਹ ਆਪਹਿ ਬ੍ਰਹਮੁ ਕਹਾਏ॥੧॥ ਭੰਜਨ ਗੜ੍ਹਨ ਸਮਰਥ ਸਦਾ ਪ੍ਰਭ ਸੋ ਕਿਮ ਜਾਤਿ ਗਿਨਾਯੋ॥ ਤਾ ਤੇ ਸਰਬ ਕਾਲ ਕੇ ਅਸਿ ਕੋ ਘਾਇ ਬਚਾਇ ਨ ਆਯੋ॥੨॥ ਕੈਸੇ ਤੋਹਿ ਤਾਰਿ ਹੈ ਸੁਨਿ ਜੜ ਆਪ ਡੁਬਿਯੋ ਭਵ ਸਾਗਰ॥ ਛੁਟਿਹੋ ਕਾਲ ਫਾਸ ਤੇ ਤਬ ਹੀ ਗਹੋ ਸਰਨਿ ਜਗਤਾਗਰ॥੩॥੫॥

## ਖਿਆਲ ਪਾਤਿਸਾਹੀ ੧੦॥

ਮਿਤ੍ਰ ਪਿਆਰੇ ਨੂੰ ਹਾਲੁ ਮੁਰੀਦਾਂ ਦਾ ਕਹਣਾ॥ ਤੁਧੁ ਬਿਨੁ ਰੋਗੁ ਰਜਾਈਆ ਦਾ ਓਢਣ ਨਾਗ ਨਿਵਾਸਾ ਦੇ ਰਹਣਾ॥ ਸੂਲ ਸੁਰਾਹੀ ਖੰਜਰੁ ਪਿਆਲਾ ਬਿੰਗ ਕਸਾਈਆ ਦਾ ਸਹਣਾ॥ ਯਾਰੜੇ ਦਾ ਸਾਨੂੰ ਸਥਰੁ ਚੰਗਾ ਭੱਠ ਖੇੜਿਆ ਦਾ

ਰਹਣਾ ॥ ੧ ॥ ੬ ॥

## ਤਿਲੰਗ ਕਾਫੀ ਪਾਤਿਸਾਹੀ ੧੦ ॥

ਕੇਵਲ ਕਾਲਈ ਕਰਤਾਰ ॥ ਆਦਿ ਅੰਤ ਅਨੰਤਿ ਮੂਰਤਿ ਗੜ੍ਹਨ ਭੰਜਨਹਾਰ ॥ ੧ ॥ ਰਹਾਉ ॥ ਨਿੰਦ ਉਸਤਤ ਜਉਨ ਕੇ ਸਮ ਸੱਤ੍ਰ ਮਿਤ੍ਰ ਨ ਕੋਇ ॥ ਕਉਨ ਬਾਟ ਪਰੀ ਤਿਸੈ ਪਥ ਸਾਰਥੀ ਰਥ ਹੋਇ ॥ ੧ ॥ ਤਾਤ ਮਾਤ ਨ ਜਾਤ ਜਾਕਰ ਪੁਤ੍ਰ ਪੌਤ੍ਰ ਮੁਕੰਦ ॥ ਕਉਨ ਕਾਜ ਕਹਾਹਿਗੇ ਤੇ ਆਨਿ ਦੇਵਕਿ ਨੰਦ ॥ ੨ ॥ ਦੇਵ ਦੈਤ ਦਿਸਾ ਵਿਸਾ ਜਿਹ ਕੀਨ ਸਰਬ ਪਸਾਰ ॥ ਕਉਨ ਉਪਮਾ ਤੌਨ ਕੋ ਮੁਖ ਲੇਤ ਨਾਮੁ ਮੁਰਾਰ ॥ ੩ ॥ ੭ ॥

## ਰਾਗੁ ਬਿਲਾਵਲ ਪਾਤਿਸਾਹੀ ੧੦॥

ਸੋ ਕਿਮ ਮਾਨਸ ਰੂਪ ਕਹਾਏ॥ ਸਿੱਧ ਸਮਾਧ ਸਾਧ ਕਰ ਹਾਰੇ ਕਯੋਂ ਹੂੰ ਨ ਦੇਖਨ ਪਾਏ॥ ੧॥ ਰਹਾਉ॥ ਨਾਰਦ ਬਿਆਸ ਪਰਾਸਰ ਧ੍ਰੂਅ ਸੇ ਧਿਆਵਤ ਧਿਆਨ ਲਗਾਏ॥ ਬੇਦ ਪੁਰਾਨ ਹਾਰ ਹਠ ਛਾਡਿਓ ਤਦਪਿ ਧਿਆਨ ਨ ਆਏ॥ ੧॥ ਦਾਨਵ ਦੇਵ ਪਿਸਾਚ ਪ੍ਰੇਤ ਤੇ ਨੇਤਹ ਨੇਤ ਕਹਾਏ॥ ਸੂਛਮ ਤੇ ਸੂਛਮ ਕਰ ਚੀਨੇ ਬ੍ਰਿਧਨ ਬ੍ਰਿਧ ਬਤਾਏ॥ ੨॥ ਭੂਮ ਅਕਾਸ ਪਤਾਲ ਸਭੈ ਸਜਿ ਏਕ ਅਨੇਕ ਸਦਾਏ॥ ਸੋ ਨਰ ਕਾਲ ਫਾਸ ਤੇ ਬਾਚੇ ਜੋ ਹਰਿ ਸਰਣ ਸਿਧਾਏ॥ ੩॥ ੮॥

## ਰਾਗੁ ਦੇਵਗੰਧਾਰੀ ਪਾਤਿਸਾਹੀ ੧੦॥

ਇਕ ਬਿਨ ਦੂਸਰ ਸੋ ਨ ਚਿਨਾਰ॥ ਭੰਜਨ ਗੜ੍ਹਨ ਸਮਰਥ ਸਦਾ ਪ੍ਰਭ ਜਾਨਤ ਹੈ

ਕਰਤਾਰ ॥ ਰਹਾਉ ॥ ਕਹਾ ਭਇਓ ਜੋ ਅਤਿ ਹਿਤ ਚਿਤ ਕਰ ਬਹੁ ਬਿਧ ਸਿਲਾ ਪੁਜਾਈ ॥ ਪ੍ਰਾਨ ਥਕਿਓ ਪਾਹਿਨ ਕਹ ਪਰਸਤ ਕਛੁ ਕਰ ਸਿੱਧ ਨ ਆਈ ॥ ੧ ॥ ਅੱਛਤ ਧੂਪ ਦੀਪ ਅਰਪਤ ਹੈ ਪਾਹਨ ਕਛੂ ਨ ਖੈ ਹੈ ॥ ਤਾ ਮੈ ਕਹਾ ਸਿੱਧ ਹੈ ਰੇ ਜੜ ਤੋਹਿ ਕਛੂ ਬਰ ਦੈ ਹੈ ॥ ੨ ॥ ਜੌ ਜੀਯ ਹੋਤ ਤੌ ਦੇਤ ਕਛੁ ਤੁਹਿ ਕਰ ਮਨ ਬਚ ਕਰਮ ਬਿਚਾਰ ॥ ਕੇਵਲ ਏਕ ਸਰਣ ਸੁਆਮੀ ਬਿਨ ਯੌ ਨਹਿ ਕਤਹਿ ਉਧਾਰ ॥ ੩ ॥ ੯ ॥

## ਰਾਗੁ ਦੇਵਗੰਧਾਰੀ ਪਾਤਿਸਾਹੀ ੧੦ ॥

ਬਿਨ ਹਰਿ ਨਾਮ ਨ ਬਾਚਨ ਪੈ ਹੈ ॥ ਚੌਦਹ ਲੋਕ ਜਾਹਿ ਬਸਿ ਕੀਨੇ ਤਾ ਤੇ ਕਹਾਂ ਪਲੈ ਹੈ ॥ ੧ ॥ ਰਹਾਉ ॥ ਰਾਮ ਰਹੀਮ ਉਬਾਰ ਨ ਸਕ ਹੈ ਜਾਕਰ ਨਾਮ ਰਟੈ ਹੈ ॥

ਬ੍ਰਹਮਾ ਬਿਸਨ ਰੁਦ੍ਰ ਸੂਰਜ ਸਸਿ ਤੇ ਬਸਿ ਕਾਲ ਸਬੈ ਹੈ॥ ੧॥ ਬੇਦ ਪੁਰਾਨ ਕੁਰਾਨ ਸਬੈ ਮਤ ਜਾਕਹ ਨੇਤ ਕਹੈ ਹੈ॥ ਇੰਦ੍ਰ ਫਨਿੰਦ੍ਰ ਮੁਨਿੰਦ੍ਰ ਕਲਪ ਬਹੁ ਧਿਆਵਤ ਧਿਆਨ ਨ ਐ ਹੈ॥ ੨॥ ਜਾਕਰ ਰੂਪ ਰੰਗ ਨਹਿ ਜਨਿਯਤ ਸੋ ਕਿਮ ਸਯਾਮ ਕਹੈ ਹੈ॥ ਛੁਟਹੋ ਕਾਲ ਜਾਲ ਤੇ ਤਬ ਹੀ ਤਾਹਿ ਚਰਨ ਲਪਟੈ ਹੈ॥ ੩॥ ੧॥ ੧੦॥ ੩੪॥

(ਦਸਮ ੭੦੯-੭੧੨)